# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :16-05-2026**

***<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>***

- ਕੇਂਦਰੀ ਜਾਂਚ ਬਿਊਰੋ ਨੇ ਅੱਜ ਨੀਟ-ਯੂਜੀ 2026 ਪ੍ਰੀਖਿਆ ਨਾਲ ਸਬੰਧਤ ਜੀਵ ਵਿਗਿਆਨ ਪੇਪਰ ਲੀਕ ਮਾਮਲੇ ਵਿੱਚ ਇੱਕ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ।
- ਰਾਸ਼ਟਰੀ ਡੇਂਗੂ ਦਿਵਸ ਦੇ ਮੌਕੇ 'ਤੇ, ਕੇਂਦਰੀ ਸਿਹਤ ਮੰਤਰੀ, ਜੇ.ਪੀ. ਨੱਡਾ ਨੇ ਨਾਗਰਿਕਾਂ ਨੂੰ ਡੇਂਗੂ ਦੀ ਰੋਕਥਾਮ ਬਾਰੇ ਜਾਗਰੂਕਤਾ ਵਧਾਉਣ ਅਤੇ ਸੁਰੱਖਿਅਤ ਵਾਤਾਵਰਣ ਬਣਾਈ ਰੱਖਣ ਲਈ, ਇੱਕਜੁੱਟ ਹੋਣ ਦਾ ਸੱਦਾ ਦਿੱਤਾ।
- ਤਰਨਤਾਰਨ ਪੁਲਿਸ ਨੇ ਗੁਰਦਾਸਪੁਰ 'ਚ SDM ਅਨੁਪ੍ਰੀਤ ਕੌਰ ਰੰਧਾਵਾ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਗਿਰਫ਼ਤਾਰ ਕੀਤਾ।

- ਪੰਜਾਬ ਪੁਲਿਸ ਨੇ ਲੁਧਿਆਣਾ ਅਤੇ ਹੋਰ ਥਾਵਾਂ ਤੋਂ 132 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਦਿਆਂ ਉੱਤਰੀ ਭਾਰਤ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਸਾਈਬਰ ਧੋਖਾਧੜੀ ਸਿੰਡੀਕੇਟ ਦਾ ਪਰਦਾਫਾਸ਼ ਕੀਤਾ।
- ਖੇਤੀ ਵਿਰਾਸਤ ਮਿਸ਼ਨ ਵੱਲੋਂ ਪਰਾਲੀ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਲਈ 10 ਰੋਜ਼ਾ "ਪਰਾਲੀ ਸੰਭਾਲ ਚੇਤਨਾ ਯਾਤਰਾ" ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ, 22 ਜੂਨ ਤੱਕ ਗਰਮੀ ਪੈਣ ਬਾਰੇ yellow ਅਲਰਟ ਜਾਰੀ ਕੀਤਾ ।

## ***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਜਾਂਚ ਬਿਊਰੋ-CBI ਨੇ ਅੱਜ ਨੀਟ-ਯੂਜੀ 2026 ਪ੍ਰੀਖਿਆ ਨਾਲ ਸਬੰਧਤ ਜੀਵ ਵਿਗਿਆਨ ਪੇਪਰ ਲੀਕ ਮਾਮਲੇ ਵਿੱਚ ਇੱਕ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਏ । ਮੁਲਜ਼ਮ, ਮਨੀਸ਼ਾ ਗੁਰੂਨਾਥ ਮੰਥਾਂਰੇ, ਪੁਣੇ, ਮਹਾਰਾਸ਼ਟਰ ਤੋਂ ਇੱਕ ਸੀਨੀਅਰ ਬੋਟਨੀ ਅਧਿਆਪਕ ਏ , ਅਤੇ ਉਸਨੂੰ ਰਾਸ਼ਟਰੀ ਜਾਂਚ ਏਜੰਸੀ ਵਲੋਂ ਇੱਕ ਮਾਹਰ ਵਜੋਂ ਨਿਯੁਕਤ ਕੀਤਾ ਗਿਆ ਸੀ। ਜਾਂਚ ਏਜੰਸੀ ਨੇ ਕਿਹਾ ਕਿ ਮੁਲਜ਼ਮ ਕੋਲ ਬੋਟਨੀ ਅਤੇ ਜ਼ੂਆਲੋਜੀ ਪ੍ਰਸ਼ਨ ਪੱਤਰਾਂ ਤੱਕ ਪੂਰੀ ਪਹੁੰਚ ਸੀ। ਸੀਬੀਆਈ ਨੇ ਕਿਹਾ ਕਿ ਉਸਨੇ 14 ਮਈ ਨੂੰ ਗ੍ਰਿਫ਼ਤਾਰ ਕੀਤੀ ਗਈ ਮਨੀਸ਼ਾ ਵਾਗਮਾਰੇ ਰਾਹੀਂ ਸੰਭਾਵੀ

ਨੀਟ ਉਮੀਦਵਾਰਾਂ ਨੂੰ ਇਕੱਠਾ ਕੀਤਾ, ਅਤੇ ਪੁਣੇ ਵਿੱਚ ਉਸਦੀ ਰਿਹਾਇਸ਼ 'ਤੇ ਇਨ੍ਹਾਂ ਵਿਦਿਆਰਥੀਆਂ ਲਈ ਵਿਸ਼ੇਸ਼ ਕੋਚਿੰਗ ਕਲਾਸਾਂ ਚਲਾਈਆਂ। ਇਸ ਮਾਮਲੇ ਵਿੱਚ ਹੁਣ ਤੱਕ 9 ਮੁਲਜ਼ਮਾਂ ਨੂੰ ਦਿੱਲੀ, ਜੈਪੁਰ, ਗੁਰੂਗ੍ਰਾਮ, ਨਾਸਿਕ, ਪੁਣੇ ਅਤੇ ਅਹਿਲਿਆ-ਨਗਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ। ਇਨ੍ਹਾਂ ਵਿੱਚੋਂ ਪੰਜ ਮੁਲਜ਼ਮਾਂ ਨੂੰ ਪਹਿਲਾਂ ਹੀ ਅਦਾਲਤ ਵਿੱਚ ਪੇਸ਼ ਕੀਤਾ ਜਾ ਚੁੱਕਾ ਏ ਅਤੇ ਉਨ੍ਹਾਂ ਨੂੰ  ਪੁੱਛਗਿੱਛ ਲਈ ਸੱਤ ਦਿਨਾਂ ਲਈ ਪੁਲਿਸ ਹਿਰਾਸਤ ਅਤੇ ਰਿਮਾਂਡ 'ਤੇ ਲਿਆ ਗਿਆ ਏ। ਪਿਛਲੇ 24 ਘੰਟਿਆਂ ਵਿੱਚ, ਸੀਬੀਆਈ ਨੇ ਦੇਸ਼ ਭਰ ਵਿੱਚ ਛੇ ਥਾਵਾਂ 'ਤੇ ਛਾਪੇਮਾਰੀ ਕੀਤੀ ਏ ਅਤੇ ਕਈ ਅਪਰਾਧਕ ਦਸਤਾਵੇਜ਼, ਲੈਪਟਾਪ, ਬੈਂਕ ਸਟੇਟਮੈਂਟਾਂ ਅਤੇ ਮੋਬਾਈਲ ਫੋਨ ਜ਼ਬਤ ਕੀਤੇ ਹਨ।

---------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਨਤੀਜਾ ਐਲਾਨਣ  ਦੀਆਂ  ਸਹੂਲਤਾਂ ਦੀ ਰੂਪ-ਰੇਖਾ ਦੇਣ ਵਾਲਾ ਇੱਕ ਨੋਟਿਸ ਜਾਰੀ ਕੀਤਾ ਏ, ਜੋ ਇੱਕ ਨਿਰਪੱਖ ਅਤੇ ਪਾਰਦਰਸ਼ੀ ਮੁਲਾਂਕਣ ਪ੍ਰਕਿਰਿਆ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਏ। ਨੋਟਿਸ ਵਿੱਚ, ਬੋਰਡ ਨੇ ਕਿਹਾ, ਆਪਣੇ ਨਤੀਜਿਆਂ ਤੋਂ ਅਸੰਤੁਸ਼ਟ ਵਿਦਿਆਰਥੀ ਦੋ-ਗੇੜ ਦੀ ਸਮੀਖਿਆ ਪ੍ਰਣਾਲੀ ਦਾ ਲਾਭ ਲੈ ਸਕਦੇ ਨੇ।

---------------------------------------------------------------

ਰਾਸ਼ਟਰੀ ਡੇਂਗੂ ਦਿਵਸ ਦੇ ਮੌਕੇ 'ਤੇ, ਕੇਂਦਰੀ ਸਿਹਤ ਮੰਤਰੀ, ਜੇ.ਪੀ. ਨੱਡਾ ਨੇ ਨਾਗਰਿਕਾਂ ਨੂੰ ਡੇਂਗੂ ਦੀ ਰੋਕਥਾਮ ਬਾਰੇ ਜਾਗਰੂਕਤਾ ਵਧਾਉਣ ਅਤੇ ਸਾਫ਼ ਅਤੇ ਸੁਰੱਖਿਅਤ ਵਾਤਾਵਰਣ ਬਣਾਈ ਰੱਖਣ ਲਈ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਸਰਕਾਰ, ਬੇਹਤਰ ਨਿਗਰਾਨੀ, ਵਿਆਪਕ ਜਾਂਚ ਬਿਹਤਰ ਇਲਾਜ ਸਹੂਲਤਾਂ ਅਤੇ ਵਿਆਪਕ ਜਾਗਰੂਕਤਾ ਮੁਹਿੰਮਾਂ ਰਾਹੀਂ ਡੇਂਗੂ ਦੀ ਰੋਕਥਾਮ ਦੇ ਉਪਰਾਲਿਆਂ  ਨੂੰ ਮਜ਼ਬੂਤ ਕਰਨਾ ਜਾਰੀ ਰੱਖ ਰਹੀ ਏ । ਇਸ ਸਾਲ ਦੇ ਥੀਮ - "ਡੇਂਗੂ ਦੀ ਰੋਕਥਾਮ ਲਈ ਭਾਈਚਾਰਕ ਭਾਗੀਦਾਰੀ: ਜਾਂਚ ਕਰੋ, ਸਾਫ਼ ਕਰੋ ਅਤੇ ਢਕ ਕੇ ਰੱਖੋ " - ਬਾਰੇ ਜਾਣਕਾਰੀ ਦਿੰਦਿਆਂ  ਸ਼੍ਰੀ ਨੱਡਾ ਨੇ ਡੇਂਗੂ ਖਿਲਾਫ ਲੜਾਈ ਵਿੱਚ ਸਰਗਰਮ ਭਾਈਚਾਰਕ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

---------------------------------------------------------------

ਇਸੇ ਦੌਰਾਨ ਪੰਜਾਬ ਭਰ ਵਿਚ ਵੀ ਵੱਖ ਵੱਖ ਥਾਵਾਂ 'ਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਜ਼ਿਲ੍ਹਾ ਮੁਹਾਲੀ ਦੇ ਸਿਹਤ ਵਿਭਾਗ ਵਲੋਂ ਡੇਂਗੂ ਖਿਲਾਫ ਜਾਗਰੂਕਤਾ ਰੈਲੀ ਕੱਢੀ ਗਈ । ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਰੈਲੀ ਨੂੰ ਫ਼ੇਜ਼ 3-ਬੀ-1 ਦੇ ਸਰਕਾਰੀ ਸਕੂਲ ਤੋਂ

ਰਵਾਨਾ ਕੀਤਾ, ਜਿਸ ਵਿਚ ਸਿਹਤ ਵਿਭਾਗ ਦੇ ਕਾਮਿਆਂ ਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਰੈਲੀ ਦੌਰਾਨ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਸਬੰਧੀ ਪੈਂਫ਼ਲੈਂਟ ਵੰਡੇ ਗਏ। ਰੈਲੀ ਦੌਰਾਨ ਡਾ. ਅਨਾਮਿਕਾ ਸੋਨੀ ਨੇ ਕਿਹਾ ਕਿ  ਰੈਲੀ ਦਾ ਮਕਸਦ ਲੋਕਾਂ ਦੀ ਇਸ ਮਾਰੂ ਬੁਖ਼ਾਰ ਬਾਬਤ ਜਾਗਰੂਕਤਾ ਵਧਾਉਣਾ ਏ। ਇਸੇ ਦੌਰਾਨ ਰਾਸ਼ਟਰੀ ਡੇਂਗੂ ਦਿਵਸ ਪੰਜਾਬ ਸਿਹਤ ਵਿਭਾਗ ਦੇ ਸੇਵਾਮੁਕਤ ਡਾਇਰੈਕਟਰ ਡਾ: ਆਦਰਸ਼ਪਾਲ ਕੌਰਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ

BYTE

---------------------------------------------------------------------

ਤਰਨਤਾਰਨ ਪੁਲਿਸ ਨੇ ਗੁਰਦਾਸਪੁਰ 'ਚ SDM ਅਨੁਪ੍ਰੀਤ ਕੌਰ ਰੰਧਾਵਾ ਨੂੰ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ 'ਚ ਅੱਜ ਸਵੇਰੇ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਤੋਂ ਗਿਰਫ਼ਤਾਰ ਕੀਤਾ ਏ। ਸਾਡੇ ਪੱਤਰਕਾਰ ਨੇ ਦਸਿਆ ਕਿ ਗੁਰਦਾਸਪੁਰ ਵਿਖੇ ਐਸ.ਡੀ.ਐਮ. ਵਜੋਂ ਸੇਵਾ ਨਿਭਾਅ ਰਹੇ ਪੀ.ਸੀ.ਐਸ. ਅਧਿਕਾਰੀ ਅਨੁਪ੍ਰੀਤ ਕੌਰ ਰੰਧਾਵਾ ਨੂੰ ਅੱਜ ਸਵੇਰੇ ਪੱਟੀ ਪੁਲਿਸ ਵਲੋਂ ਹਿਰਾਸਤ ਵਿਚ ਲਿਆ ਗਿਆ ।  ਉਨ੍ਹਾਂ ਦੀ ਗ੍ਰਿਫਤਾਰੀ ਪੰਜਾਬ ਨੂੰ ਰਾਜਸਥਾਨ ਨਾਲ ਜੋੜਨ ਵਾਲੇ ਕੌਮੀ ਸ਼ਾਹਰਾਹ-54 ਲਈ

ਐਕੁਆਇਰ ਕੀਤੀ ਜ਼ਮੀਨ ਵਿਚ ਹੋਏ ਕਥਿਤ ਗਬਨ ਨਾਲ ਸੰਬਧਤ ਏ, ਜਿਸ ਵਿਚ 1 ਕਰੋੜ 63 ਲੱਖ ਰੁਪਏ ਦੇ ਗਬਨ ਦਾ ਮਾਮਲਾ ਏ।

--------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਆਪਕ ਸਿਖਲਾਈ, ਆਧੁਨਿਕ ਕਲਾਸਰੂਮਾਂ ਅਤੇ ਅਕਾਦਮਿਕ ਸੁਧਾਰਾਂ ਵਿੱਚ, ਸਰਕਾਰ ਦੇ ਨਿਵੇਸ਼ ਨੇ ਪੰਜਾਬ ਨੂੰ ਸਿੱਖਿਆ ਵਿੱਚ ਦੇਸ਼ ਦੇ ਮੋਹਰੀ ਸੂਬੇ ਵਿੱਚ ਬਦਲ ਦਿੱਤਾ ਏ। ਅੱਜ ਚੰਡੀਗੜ੍ਹ 'ਚ ਫਿਨਲੈਂਡ ਤੋਂ ਉੱਨਤ ਸਿਖਲਾਈ ਲਈ 72 ਸਰਕਾਰੀ ਸਕੂਲ ਅਧਿਆਪਕਾਂ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਬੈਚ ਨੂੰ ਰਵਾਨਾ ਕਰਦਿਆਂ  ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਹੁਣ ਬੋਰਡ ਪ੍ਰੀਖਿਆ ਨਤੀਜਿਆਂ ਵਿੱਚ ਪ੍ਰਾਈਵੇਟ ਸਕੂਲਾਂ ਨੂੰ ਪਛਾੜ ਰਹੇ ਨੇ  ਜਦੋਂ ਕਿ ਲੱਖਾਂ ਮਾਪੇ ਸਵੈ-ਇੱਛਾ ਨਾਲ ਮਾਪੇ-ਅਧਿਆਪਕ ਮੀਟਿੰਗਾਂ ਵਿੱਚ ਹਿੱਸਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰੀ ਸਿੱਖਿਆ ਪ੍ਰਣਾਲੀਆਂ ਦਾ ਸਾਹਮਣਾ ਕਲਾਸਰੂਮਾਂ ਦੇ ਅੰਦਰ ਇਨਕਲਾਬੀ ਤਬਦੀਲੀਆਂ ਲਿਆਉਣ ਵਿੱਚ ਮਦਦ ਕਰ ਰਿਹਾ ਏ ਅਤੇ ਸਰਕਾਰੀ ਸਕੂਲਾਂ ਨੂੰ ਹਰ ਮਾਪੇ ਦੀ ਪਹਿਲੀ ਪਸੰਦ ਬਣਾਉਣ ਦੇ ਪੰਜਾਬ ਸਰਕਾਰ ਦੇ ਮਿਸ਼ਨ ਨੂੰ ਮਜ਼ਬੂਤ ਕਰ ਰਿਹਾ ਏ। ਅਧਿਆਪਕਾਂ ਨੂੰ ਜਾਣ ਤੋਂ ਪਹਿਲਾਂ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ

ਨੇ ਕਿਹਾ ਕਿ ਇਹ ਅਧਿਆਪਕ 29 ਮਈ ਤੱਕ ਆਧੁਨਿਕ ਸਿੱਖਿਆ ਵਿਧੀਆਂ, ਨਵੀਨਤਾਕਾਰੀ ਕਲਾਸਰੂਮ ਅਭਿਆਸਾਂ, ਵਿਦਿਆਰਥੀ-ਕੇਂਦ੍ਰਿਤ ਸਿਖਲਾਈ ਮਾਡਲਾਂ ਅਤੇ ਵਿਸ਼ਵ ਪੱਧਰ 'ਤੇ ਬੇਹਤਰੀਨ ਸਿੱਖਿਆ ਪ੍ਰਣਾਲੀਆਂ ਦਾ ਤਜਰਬਾ ਪ੍ਰਾਪਤ ਕਰਨਗੇ।

BYTE

---------------------------------------------------------

ਪੰਜਾਬ ਪੁਲਿਸ ਨੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਸਾਈਬਰ ਧੋਖਾਧੜੀ ਗਿਰੋਹਾਂ ਵਿਚੋਂ ਇੱਕ ਦਾ ਪਰਦਾਫਾਸ਼ ਕਰਦਿਆਂ ਲੁਧਿਆਣਾ ਤੇ ਹੋਰ ਥਾਵਾਂ ਤੋਂ 132 ਲੋਕਾਂ ਨੂੰ ਗ੍ਰਿਫਤਾਰ ਕੀਤਾ ਏ । ਮੁਲਜ਼ਮ ਕਥਿਤ ਤੌਰ 'ਤੇ ਜਾਅਲੀ ਕਾਲ ਸੈਂਟਰ ਚਲਾ ਰਹੇ ਸਨ, ਜੋ ਪੌਪ-ਅੱਪ ਘੁਟਾਲਿਆਂ, ਰਿਮੋਟ ਐਕਸੈਸ ਟੂਲਸ ਤੇ ਜਾਅਲੀ ਬੈਂਕ ਸੁਰੱਖਿਆ ਅਲਰਟ ਰਾਹੀਂ ਵਿਦੇਸ਼ੀ ਨਾਗਰਿਕਾਂ ਸਮੇਤ ਪੀੜਤਾਂ ਨੂੰ ਨਿਸ਼ਾਨਾ ਬਣਾਉਂਦੇ ਸਨ । ਇਸ ਬਾਰੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਿਹਾ ਕਿ ਪੁਲਿਸ ਨੇ ਮੁਲਜ਼ਮਾਂ ਤੋਂ 1 ਕਰੋੜ 7 ਲੱਖ ਰੁਪਏ ਨਕਦ, 98 ਲੈਪਟਾਪ, 229 ਮੋਬਾਈਲ ਫੋਨ ਅਤੇ 19 ਮਹਿੰਗੇ ਵਾਹਨ ਜ਼ਬਤ ਕੀਤੇ ਨੇ । ਗ੍ਰਿਫਤਾਰ ਕੀਤੇ ਗਏ ਵਿਅਕਤੀ ਦਿੱਲੀ, ਗੁਰੂਗ੍ਰਾਮ, ਦੇਹਰਾਦੂਨ ਤੇ ਦੱਖਣੀ ਭਾਰਤ ਤੋਂ ਨੇ । ਅਧਿਕਾਰੀਆਂ ਨੇ ਕਿਹਾ ਏ ਕਿ ਗਿਰੋਹ ਖਾਤਿਆਂ ਵਿਚ ਪੈਸੇ

ਟ੍ਰਾਂਸਫਰ ਕਰਨ ਲਈ ਬੈਂਕ ਅਧਿਕਾਰੀਆਂ ਦਾ ਰੂਪ ਧਾਰਨ ਕਰ ਲੈਂਦਾ ਸੀ । ਇਸ ਸਬੰਧੀ ਹੋਰ ਜਾਂਚ ਜਾਰੀ ਏ

---------------------------------------------------------------

ਹੁਸ਼ਿਆਰਪੁਰ ਨੇੜਲੇ ਪਿੰਡ ਚੱਕ ਸਮਾਣਾ ਵਿਖੇ ਬੀਤੇ ਦਿਨੀ ਬੋਰਵੈੱਲ 'ਚ ਡਿੱਗੇ ਚਾਰ ਸਾਲਾ ਬੱਚੇ ਨੂੰ ਕਰੀਬ 9 ਘੰਟਿਆਂ ਦੀ ਭਾਰੀ ਮੁਸ਼ਕਤ ਤੋਂ ਬਾਅਦ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਏ । ਬੱਚੇ ਗੁਰਕਰਨ ਸਿੰਘ ਨੂੰ ਰਾਤ ਕਰੀਬ 12 ਵਜਕੇ 40 ਮਿੰਟ 'ਤੇ ਬੋਰਵੈੱਲ ਵਿੱਚੋਂ ਬਾਹਰ ਕੱਢਿਆ ਗਿਆ ਤੇ ਤੁਰੰਤ ਮੈਡੀਕਲ ਜਾਂਚ ਲਈ ਹਸਪਤਾਲ ਲਿਜਾਇਆ ਗਿਆ । ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਬਚਾਅ ਕਾਰਜ ਦੀ ਅਗਵਾਈ ਕੀਤੀ ਤੇ ਆਪ੍ਰੇਸ਼ਨ ਸਫਲ ਬਣਾਉਣ ਲਈ ਬਚਾਅ ਟੀਮਾਂ ਦੀ ਭਰਵੀਂ ਸ਼ਲਾਘਾ ਕੀਤੀ ।

ਡਿਪਟੀ ਕਮਿਸ਼ਨਰ ਨੇ ਦੱਸਿਆ ।

BYTE

ਪੰਜਾਬ ਦੇ ਜੇਲ੍ਹ ਮੰਤਰੀ ਡਾ: ਰਵਜੋਤ ਸਿੰਘ ਤੇ ਲੋਕ ਸਭਾ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਵੀ ਇਸ ਕਾਰਵਾਈ ਦੌਰਾਨ ਮੌਕੇ 'ਤੇ ਮੌਜੂਦ ਰਹੇ ਤੇ ਗੁਰਕਰਨ ਨੂੰ ਬਚਾਉਣ ਲਈ ਸਾਰੀਆਂ ਟੀਮਾਂ ਵੱਲੋਂ ਕੀਤੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ।

--------------------------------------------------------

ਖੇਤੀ ਵਿਰਾਸਤ ਮਿਸ਼ਨ ਵੱਲੋਂ ਪਰਾਲੀ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਲਈ 10 ਰੋਜ਼ਾ “ਪਰਾਲੀ ਸੰਭਾਲ ਚੇਤਨਾ ਯਾਤਰਾ” ਦੀ ਸ਼ੁਰੂਆਤ ਕੀਤੀ ਗਈ। ਯਾਤਰਾ ਨੂੰ ਬਾਂਸ ਦੀ ਖੇਤੀ ਦੇ ਮਾਹਰ ਅਤੇ ਮਹਾਰਾਸ਼ਟਰ ਵਿਚ 'ਬੈਬੂ ਮੈਂਨ' ਵਜੋਂ ਜਾਣੇ ਜਾਂਦੇ ਪਾਸ਼ਾ ਪਟੇਲ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਾਬਕਾ ਚੇਅਰਮੈਨ ਆਦਰਸ਼ ਪਾਲ ਵਿੱਗ ਅਤੇ ਉਮੇਂਦਰ ਦੱਤ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਫਿਰੋਜ਼ਪੁਰ ਫਰੀਦਕੋਟ ਮੁਕਤਸਰ ਬਠਿੰਡਾ ਦੇ 1200 ਪਿੰਡਾਂ ਨੂੰ ਕਵਰ ਕਰਦਿਆਂ ਇਹ ਯਾਤਰਾ ਪੰਜਾਬ ਦੇ ਪਿੰਡਾਂ ਵਿੱਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਵਿਗਿਆਨਕ ਤਰੀਕਿਆਂ ਨਾਲ ਸੰਭਾਲਣ ਲਈ ਜਾਗਰੂਕ ਕਰੇਗੀ। ਇਸ ਮੌਕੇ ਬੋਲਦਿਆਂ ਪਾਸ਼ਾ ਪਟੇਲ ਨੇ ਕੁਦਰਤੀ ਖੇਤੀ ਅਤੇ ਵਾਤਾਵਰਣ ਸੰਭਾਲ ਲਈ ਖੇਤੀ ਵਿਰਾਸਤ ਮਿਸ਼ਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਆਦਰਸ਼ ਪਾਲ ਵਿੱਗ ਨੇ ਕਿਹਾ ਕਿ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਲਗਭਗ 90 ਫੀਸਦੀ ਕਮੀ ਆਈ ਏ । ਇਸ ਮੌਕੇ ਝੋਨੇ ਦੀ ਪਰਾਲੀ ਦਾ ਖੇਤ ਵਿੱਚ ਹੀ ਨਿਪਟਾਰਾ ਕਰਨ ਅਤੇ ਅੱਗ ਨਾ ਲਾਉਣ ਵਾਲੇ ਕਿਸਾਨਾਂ

ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਕਿਸਾਨਾਂ ਨੇ ਆਪਣੇ ਤਜਰਬੇ ਵੀ ਸਾਂਝੇ ਕੀਤੇ।

---------------------------------------------------------------

ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ  ਥਾਵਾਂ ਤੇ 22 ਜੂਨ ਤੱਕ ਵੱਧ ਤੋਂ ਵੱਧ ਤਾਪਮਾਨ ਵਿੱਚ 4 ਤੋਂ 5 ਡਿਗਰੀ ਸੈਲਸੀਅਸ ਦਾ ਵਾਧਾ ਹੋਣ ਨਾਲ ਗਰਮੀ ਪੈਣ ਦਾ yellow ਅਲਰਟ ਜਾਰੀ ਕਰਦਿਆਂ ਲੋਕ ਨੂੰ ਇਸ ਤੋਂ ਬਚਾਓ ਕਰਨ ਦੀ ਅਪੀਲ ਕੀਤੀ ਏ। ਮੌਸਮ ਵਿਭਾਗ ਵੱਲੋਂ  ਜਾਰੀ ਵੇਰਵਿਆਂ ਮੁਤਾਬਿਕ 17 ਮਈ ਤੋਂ 22 ਮਈ ਤੱਕ ਇਹਨਾਂ ਦੋਵਾਂ ਸੂਬਿਆਂ ਸਮੇਤ ਚੰਡੀਗੜ ਵਿੱਚ ਤਾਪਮਾਨ ਵਧੇਗਾ। ਪੰਜਾਬ ਵਿੱਚ ਗਰਮੀ ਨਾਲ ਪ੍ਰਭਾਵਿਤ ਹੋਣ ਵਾਲੇ ਜ਼ਿਲਿਆਂ ਵਿੱਚ ਫਰੀਦਕੋਟ, ਫਾਜ਼ਿਲਕਾ, ਮੁਕਤਸਰ ਸਾਹਿਬ, ਮਾਨਸਾ, ਬਠਿੰਡਾ, ਗੁਰਦਾਸਪੁਰ ਅਤੇ ਫਿਰੋਜਪੁਰ ਮੁੱਖ ਤੌਰ ‘ਤੇ ਸ਼ਾਮਿਲ ਨੇ। ਇਸ ਦੌਰਾਨ 42.6 ਡਿਗਰੀ ਸੈਲਸੀਅਸ ਨਾਲ ਪੰਜਾਬ ਵਿੱਚ ਫਰੀਦਕੋਟ ਅਤੇ 42  ਡਿਗਰੀ ਸੈਲਸੀਅਸ ਨਾਲ ਹਰਿਆਣਾ ਵਿੱਚ ਸਿਰਸਾ ਸਭ ਤੋਂ ਗਰਮ ਸ਼ਹਿਰ ਰਹੇ।

---------------------------------------------------------------

IPL ਕ੍ਰਿਕਟ ਵਿੱਚ ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ

ਕੋਲਕਾਤਾ ਦੇ ਈਡਨ ਗਾਰਡਨਜ਼ ਵਿੱਚ ਸ਼ਾਮ ਸਾਢੇ 7 ਵਜੇ ਗੁਜਰਾਤ ਟਾਈਟਨਸ ਨਾਲ ਹੋਵੇਗਾ।

---------------------------------------------------

- ਕੇਂਦਰੀ ਜਾਂਚ ਬਿਊਰੋ ਨੇ ਅੱਜ ਨੀਟ-ਯੂਜੀ 2026 ਪ੍ਰੀਖਿਆ ਨਾਲ ਸਬੰਧਤ ਜੀਵ ਵਿਗਿਆਨ ਪੇਪਰ ਲੀਕ ਮਾਮਲੇ ਵਿੱਚ ਇੱਕ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ।
- ਰਾਸ਼ਟਰੀ ਡੇਂਗੂ ਦਿਵਸ ਦੇ ਮੌਕੇ 'ਤੇ, ਕੇਂਦਰੀ ਸਿਹਤ ਮੰਤਰੀ, ਜੇ.ਪੀ. ਨੱਡਾ ਨੇ ਨਾਗਰਿਕਾਂ ਨੂੰ ਡੇਂਗੂ ਦੀ ਰੋਕਥਾਮ ਬਾਰੇ ਜਾਗਰੂਕਤਾ ਵਧਾਉਣ ਅਤੇ ਸੁਰੱਖਿਅਤ ਵਾਤਾਵਰਣ ਬਣਾਈ ਰੱਖਣ ਲਈ, ਇੱਕਜੁੱਟ ਹੋਣ ਦਾ ਸੱਦਾ ਦਿੱਤਾ।
- ਤਰਨਤਾਰਨ ਪੁਲਿਸ ਨੇ ਗੁਰਦਾਸਪੁਰ 'ਚ SDM ਅਨੁਪ੍ਰੀਤ ਕੌਰ ਰੰਧਾਵਾ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਗਿਰਫ਼ਤਾਰ ਕੀਤਾ।
- ਪੰਜਾਬ ਪੁਲਿਸ ਨੇ ਲੁਧਿਆਣਾ ਅਤੇ ਹੋਰ ਥਾਵਾਂ ਤੋਂ 132 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਦਿਆਂ ਉੱਤਰੀ ਭਾਰਤ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਸਾਈਬਰ ਧੋਖਾਧੜੀ ਸਿੰਡੀਕੇਟ ਦਾ ਪਰਦਾਫਾਸ਼ ਕੀਤਾ।

- ਖੇਤੀ ਵਿਰਾਸਤ ਮਿਸ਼ਨ ਵੱਲੋਂ ਪਰਾਲੀ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਲਈ 10 ਰੋਜ਼ਾ "ਪਰਾਲੀ ਸੰਭਾਲ ਚੇਤਨਾ ਯਾਤਰਾ" ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ, 22 ਜੂਨ ਤੱਕ ਗਰਮੀ ਪੈਣ ਬਾਰੇ yellow ਅਲਰਟ ਜਾਰੀ ਕੀਤਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**